**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 21-03-2025**

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵਿਰੋਧੀ ਪਾਰਟੀਆਂ ਨੂੰ ਅਪੀਲ ਕੀਤੀ ਏ ਕਿ ਉਹ ਸੰਸਦ ਵਿਚ ਖੇਤਾਬਾੜੀ ਉੱਤੇ ਬਹਿਸ ਦੀ ਇਜਾਜ਼ਤ ਦੇਣ, ਤਾਂ ਜੋ ਕਿਸਾਨਾਂ ਦੀ ਭਲਾਈ ਲਈ ਕੰਮ ਅੱਗੇ ਵਧਾਇਆ ਜਾ ਸਕੇ। ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਚੌਹਾਨ ਨੇ ਕਿਹਾ ਕਿ ਕੇਂਦਰ ਸਰਕਾਰ ਸੰਸਦ ਵਿਚ ਕਿਸਾਨਾਂ ਦੇ ਮੁੱਦਿਆਂ ਉੱਤੇ ਚਰਚਾ ਕਰਨ ਲਈ ਹਮੇਸ਼ਾ ਤਿਆਰ ਏ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਭਲਾਈ, ਮੋਦੀ ਸਰਕਾਰ ਦੀ ਪਹਿਲੀ ਤਰਜੀਹ ਏ।

-----------------------------------------------------

ਪੰਜਾਬ ਵਿਧਾਨ ਸਭਾ ਦਾ ਬਜਟ ਸੈਸ਼ਨ ਅੱਜ ਰਾਜਪਾਲ ਦੇ ਭਾਸ਼ਣ ਨਾਲ ਸ਼ੁਰੂ ਹੋ ਗਿਆ। ਕਾਂਗਰਸੀ ਵਿਧਾਇਕ ਸੂਬਾ ਸਰਕਾਰ ਦੇ ਕਿਸਾਨਾਂ ਨਾਲ

ਦੁਰਵਿਵਹਾਰ ਤੇ ਪਟਿਆਲਾ ਵਿਚ ਪੁਲਿਸ ਵੱਲੋਂ ਫੌਜ ਦੇ ਇਕ ਕਰਨਲ ਦੀ ਕੁੱਟਮਾਰ ਦੇ ਮੁੱਦੇ ਨੂੰ ਸਹੀ ਢੰਗ ਨਾਲ ਸੰਭਾਲਣ ਵਿਚ ਕਥਿਤ ਅਸਫਲਤਾ ਦੇ ਵਿਰੋਧ ਵਿਚ ਬਾਹਾਂ ਉੱਤੇ ਕਾਲੀਆਂ ਪੱਟੀਆਂ ਬੰਨ ਕੇ ਵਿਧਾਨ ਸਭਾ ਵਿਚ ਪੁੱਜੇ ਤੇ ਵਾਕਆਊਟ ਕਰਨ ਤੋਂ ਪਹਿਲਾਂ ਉਨ੍ਹਾਂ ਨੇ ਸੂਬਾ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ। ਬਜਟ ਸੈਸ਼ਨ 28 ਮਾਰਚ ਤੱਕ ਚੱਲੇਗਾ।

-------------------------------------------------------

ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੀ ਪੁਰਜ਼ੋਰ ਹਮਾਇਤ ਕਰਦੇ ਹੋਏ, ਪੰਜਾਬ ਦੀਆਂ 3,000 ਤੋਂ ਵੱਧ ਪੰਚਾਇਤਾਂ ਨੇ ਨਸ਼ਿਆਂ ਖਿਲਾਫ ਮਤੇ ਪਾਸ ਕਰ ਕੇ ਪੰਜਾਬ ਪੁਲਿਸ ਵੱਲੋਂ ਵਿੱਢੀ ਮੁਹਿੰਮ ਨੂੰ ਮਹੱਤਵਪੂਰਨ ਕਰਾਰ ਦਿੱਤਾ ਏ । ਕਾਨੂੰਨ ਅਤੇ ਵਿਵਸਥਾ ਸਬੰਧੀ ਵਿਸ਼ੇਸ਼ ਡੀ.ਜੀ.ਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਇਸ ਖਾਸ ਮੁਹਿੰਮ ਤਹਿਤ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟਾਂ ਨੂੰ ਨਿਰਦੇਸ਼ ਦਿੱਤੇ ਗਏ ਨੇ ਕਿ ਉਹ ਆਪੋ-ਆਪਣੇ ਜਿਲਿਆਂ ਵਿਚ ਸੰਪਰਕ ਪ੍ਰੋਗਰਾਮ, ਵਿਦਿਆਰਥੀਆਂ ਨਾਲ ਮੀਟਿੰਗਾਂ ਸਮੇਤ ਵੱਖ-

ਵੱਖ ਜਾਗਰੂਕਤਾ ਸਮਾਗਮ ਕਰਨ, ਤਾਂ ਜੋ ਆਮ ਲੋਕਾਂ, ਨੌਜਵਾਨਾਂ, ਗੈਰ-ਸਰਕਾਰੀ ਸੰਗਠਨਾਂ ਕਲੱਬਾਂ ਨੂੰ ਨਸ਼ਿਆਂ ਵਿਰੁੱਧ ਲੜਾਈ ਵਿਚ ਸ਼ਾਮਲ ਕੀਤਾ ਜਾ ਸਕੇ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਯਤੀਮ ਤੇ ਬੇਸਹਾਰਾ ਬੱਚਿਆਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਦੇ ਮਕਸਦ ਨਾਲ, ਸੂਬੇ ਵਿਚ ਇਕ ਹੁਨਰ ਵਿਕਾਸ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਏ। ਇਸ ਦੇ ਤਹਿਤ ਇਨ੍ਹਾਂ ਬੱਚਿਆਂ ਨੂੰ ਰੁਜ਼ਗਾਰ ਮੁਖੀ ਹੁਨਰ ਨਾਲ ਲੈਸ ਕਰਨ ਲਈ ਤਿਆਰ ਕੀਤਾ ਗਿਆ ਏ, ਤਾਂ ਜੋ 18 ਸਾਲ ਦੇ ਹੁੰਦਿਆਂ ਹੀ ਇਨ੍ਹਾਂ ਦੀ ਵਿੱਤੀ ਸੁਤੰਤਰਤਾ ਨੂੰ ਯਕੀਨੀ ਬਣਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਵੱਖ-ਵੱਖ ਬਾਲ ਸੰਭਾਲ ਸੰਸਥਾਵਾਂ ਵਿਚ ਰਹਿ ਰਹੇ 187 ਬੱਚਿਆਂ ਨੂੰ ਸੁੰਦਰਤਾ ਸੰਭਾਲ, ਹੇਅਰ ਡਰੈਸਿੰਗ, ਮਲਟੀ-ਟੈਕਨੀਸ਼ੀਅਨ ਹੁਨਰ ਅਤੇ ਮੋਬਾਈਲ ਫੋਨ ਮੁਰੰਮਤ ਦੀ ਸਿਖਲਾਈ ਦਿੱਤੀ ਜਾਵੇਗੀ। ਇਸ ਕਾਰਜ ਲਈ ਸੂਬਾ ਸਰਕਾਰ ਨੇ

ਨਾਮਵਰ ਸਿਖਲਾਈ ਅਦਾਰਿਆਂ ਤੇ ਸਨਅਤੀ ਮਾਹਿਰਾਂ ਨੂੰ ਸ਼ਾਮਲ ਕੀਤਾ ਏ।

---------------------------------------------------

ਕੱਟੜਪੰਥੀ ਪ੍ਰਚਾਰਕ ਤੇ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਅੱਜ ਭਾਰੀ ਪੁਲਿਸ ਤਾਇਨਾਤੀ ਹੇਠ ਅੰਮ੍ਰਿਤਸਰ ਦੇ ਅਜਨਾਲਾ ਦੀ ਇਕ ਅਦਾਲਤ ਵਿਚ ਪੇਸ਼ ਕੀਤਾ ਗਿਆ। ਅਦਾਲਤ ਨੇ ਇਨ੍ਹਾਂ ਨੂੰ 25 ਮਾਰਚ ਤੱਕ ਪੁਲਿਸ ਹਿਰਾਸਤ ਵਿਚ ਭੇਜ ਦਿੱਤਾ ਏ। ਇਹ ਸਾਰੇ ਰਾਸ਼ਟਰੀ ਸੁਰੱਖਿਆ ਕਾਨੂੰਨ (NSA) ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਸਨ। ਰਿਹਾਈ ਤੋਂ ਬਾਅਦ, ਕੱਲ੍ਹ, ਇਨ੍ਹਾਂ ਨੂੰ 2023 ਵਿਚ ਅਜਨਾਲਾ ਦੇ ਇਕ ਪੁਲਿਸ ਥਾਣੇ 'ਤੇ ਹਮਲੇ ਦੇ ਮਾਮਲੇ ਵਿਚ ਪੰਜਾਬ ਪੁਲਿਸ ਨੇ ਦੁਬਾਰਾ ਗ੍ਰਿਫ਼ਤਾਰ ਕੀਤਾ ਸੀ ਤੇ ਕੱਲ੍ਹ ਸ਼ਾਮ ਨੂੰ ਪੰਜਾਬ ਵਾਪਸ ਭੇਜ ਦਿੱਤਾ ਗਿਆ ਸੀ। ਪੰਜਾਬ ਸਰਕਾਰ ਨੇ ਐੱਨ.ਐੱਸ.ਏ. ਕਾਨੂੰਨ ਤਹਿਤ ਇਨ੍ਹਾਂ ਦੀ ਨਜ਼ਰਬੰਦੀ ਨੂੰ ਨਾ ਵਧਾਉਣ ਬਾਰੇ ਫੈਸਲਾ ਕੀਤਾ ਏ। ਹਾਲਾਂਕਿ, 'ਵਾਰਿਸ ਪੰਜਾਬ ਦੇ' ਸਮੂਹ ਦੇ ਨੇਤਾ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਦੋ ਹੋਰ ਸਾਥੀਆਂ ਨੂੰ ਡਿਬਰੂਗੜ੍ਹ ਵਿਚ

NSA ਅਧੀਨ ਰੱਖਿਆ ਜਾਵੇਗਾ ਤੇ ਉਨ੍ਹਾਂ ਦੀ ਨਜ਼ਰਬੰਦੀ ਜੂਨ ਮਹੀਨੇ ਵਿਚ ਖਤਮ ਹੋਣ ਵਾਲੀ ਏ।

---------------------------------------------------------

ਸਰਹਿੰਦ ਦੇ ਪਿੰਡ ਮਾਧੋਪੁਰ ਨੇੜੇ ਵੈਲਡਿੰਗ ਦੀ ਦੁਕਾਨ ਵਿਚ ਹੋਏ ਭਿਆਨਕ ਧਮਾਕੇ ਕਾਰਨ 2 ਵਿਅਕਤੀਆਂ ਦੀ ਮੌਤ ਹੋ ਗਈ ਜਦਕਿ ਇਨਾਂ ਦਾ ਇਕ ਸਾਥੀ ਗੰਭੀਰ ਜ਼ਖ਼ਮੀ ਹੋ ਗਿਆ। ਇਹ ਹਾਦਸਾ ਵਰਕਸ਼ਾਪ ਵਿਚ ਉਦੋਂ ਵਾਪਰਿਆ, ਜਦੋਂ ਤਿੰਨ ਵਿਅਕਤੀ ਇਕ ਤੇਲ ਦੇ ਟੈਂਕਰ ਦੀ ਵੈਲਡਿੰਗ ਕਰ ਰਹੇ ਸਨ। ਇਸੇ ਦੌਰਾਨ ਅਚਾਨਕ ਟੈਂਕਰ ਵਿਚ ਧਮਾਕਾ ਹੋ ਗਿਆ ਤੇ ਮਨੋਜ ਤੇ ਅਵਤਾਰ ਦੀ ਮੌਕੇ ‘ਤੇ ਮੌਤ ਹੋ ਗਈ, ਜਦਕਿ ਨਰਿੰਦਰ ਗੰਭੀਰ ਜ਼ਖ਼ਮੀ ਹੋ ਗਿਆ। ਮੌਕੇ ‘ਤੇ ਪੁੱਜੀ ਫਾਰੈਂਸਿਕ ਟੀਮ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਏ।

---------------------------------------------------------

ਲੁਧਿਆਣਾ ਪੁਲਿਸ ਨੇ ਅੱਜ ਤੜਕੇ ਸਥਾਨਕ ਧਾਂਦਰਾ ਰੋਡ ਉੱਤੇ ਇਕ ਮੁਕਾਬਲੇ ਤੋਂ ਬਾਅਦ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਇਹ ਤਿੰਨੇ ਫਿਰੌਤੀ ਦੇ ਇਕ ਮਾਮਲੇ ਵਿਚ ਲੋੜੀਂਦੇ ਸਨ। ਪੁਲਿਸ ਦੇ ਵਧੀਕ

ਡਿਪਟੀ ਕਮਿਸ਼ਨਰ ਅਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਸੀ.ਆਈ.ਏ. ਦੀਆਂ 3 ਟੀਮਾਂ ਧਾਂਦਰਾ ਰੋਡ ਉੱਤੇ ਗਸ਼ਤ ਕਰ ਰਹੀਆਂ ਸਨ ਜਦੋਂ ਉਨ੍ਹਾਂ ਨੇ ਇਕ ਕਾਰ ਚਾਲਕ ਨੂੰ ਰੋਕਿਆ ਤਾਂ ਉਸ ਵਿਚ ਸਵਾਰ ਬਦਮਾਸ਼ਾਂ ਨੇ ਪੁਲਿਸ ਨੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਜਵਾਬੀ ਕਾਰਵਾਈ ਵਿਚ ਪੁਲਿਸ ਨੇ ਵੀ ਗੋਲੀਬਾਰੀ ਕੀਤੀ। ਮੁਕਾਬਲੇ ਵਿਚ ਤਿੰਨੇਂ ਬਦਮਾਸ਼ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਏ।